# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

### ਤਹਿਬਜ਼ਾਰੀ ਟੀਮ ਨੇ ਦੁਕਾਨਦਾਰਾਂ ਵਲੋ ਨਗਰ ਨਿਗਮ ਦੀ ਜਗਾ ਤੇ ਰੱਖੇ ਸਮਾਨ ਨੂੰ ਕਬਜ਼ੇ ਵਿੱਚ ਲਿਆ............ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 15 ਜੁਲਾਈ- ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਦੇ ਦਿਸਾਂ ਨਿਰਦੇਸਾਂ ਅਨੁਸਾਰ ਇੰਸਪੈਕਟਰ ਸੁਰਜੀਤ ਬਹਿਲ ਦੀ ਅਗਵਾਈ ਹੇਠ ਤਹਿਬਜ਼ਾਰੀ ਟੀਮ ਨੇ ਅੱਜ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਬੱਸ ਸਟੈਂਡ, ਜਲੰਧਰ ਰੋਡ, ਰੋਸ਼ਨ ਰੋਡ, ਘੰਟਾਂ-ਘਰ ਕੋਤਵਾਲੀ ਬਜ਼ਾਰ ਦਾ ਦੌਰਾ ਕੀਤਾ ਅਤੇ ਦੁਕਾਨਦਾਰਾਂ ਵਲੋ ਨਗਰ ਨਿਗਮ ਦੀ ਜਗ੍ਹਾ ਦੇ ਰੱਖੇ ਗਏ ਸਮਾਨ ਨੂੰ ਕਬਜ਼ੇ ਵਿੱਚ ਲਿਆ ਉਨਾਂ ਦੁਕਾਨਦਾਰਾਂ ਨੂੰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਦੀ ਹਦਾਇਤ ਕਰਦਿਆਂ ਦੱਸਿਆ ਕਿ ਜਿਹਨਾਂ ਦੁਕਾਨਦਾਰਾਂ ਦਾ ਸਮਾਨ ਨਗਰ ਨਿਗਮ ਦੀ ਜਗ੍ਹਾ ਤੇ ਰੱਖਿਆ ਹੋਵੇਗਾ ਉਹਨਾਂ ਦੇ ਚਲਾਨ ਕੱਟ ਕੇ ਜੁਰਮਾਨੇ ਕੀਤੇ ਜਾਣਗੇ ਇੰਸਪੈਕਟਰ ਸੁਰਜੀਤ ਬਹਿਲ ਦੀ ਅਗਵਾਈ ਹੇਠ ਗਈ ਤਹਿਬਜ਼ਾਰੀ ਟੀਮ ਵਿੱਚ ਅਮਿਤ ਕੁਮਾਰ, ਜਸਪਾਲ ਸਿੰਘ ਅਤੇ ਪੁਲਿਸ ਵਿਭਾਗ ਦੇ ਕਰਮਚਾਰੀ ਵੀ ਸ਼ਾਮਿਲ ਸਨ।